# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ : 05-06-2025**

ਅੱਜ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਕੁਦਰਤ ਤੇ ਧਰਤੀ ਦੀ ਰੱਖਿਆ ਅਤੇ ਵਾਤਾਵਰਣ ਦੀ ਸੰਭਾਲ ਬਾਰੇ ਦੁਨੀਆ ਭਰ ਵਿਚ ਜਾਗਰੂਕਤਾ ਵਧਾਉਣ ਦੇ ਮਕਸਦ ਨਾਲ ਮਨਾਇਆ ਜਾਂਦਾ ਏ। ਇਸ ਸਾਲ ਵਿਸ਼ਵ ਵਾਤਾਵਰਣ ਦਿਵਸ ਦਾ ਵਿਸ਼ਾ - ਪਲਾਸਟਿਕ ਪ੍ਰਦੂਸ਼ਣ ਨੂੰ ਹਰਾਉਣਾ ਰੱਖਿਆ ਗਿਆ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ 'ਤੇ ਨਵੀਂ ਦਿੱਲੀ ਦੇ ਭਗਵਾਨ ਮਹਾਵੀਰ ਵਨਸਥਲੀ ਪਾਰਕ ਵਿਚ ਬੂਟੇ ਲਗਾਉਣ ਦੀ ਮੁਹਿੰਮ ਦੀ ਅਗਵਾਈ ਕੀਤੀ। ਸ਼੍ਰੀ ਮੋਦੀ ਨੇ 'ਏਕ ਪੇੜ ਮਾਂ ਕੇ ਨਾਮ' ਪਹਿਲਕਦਮੀ ਤਹਿਤ ਬੋਹੜ ਦਾ ਬੂਟਾ ਲਗਾਇਆ। ਇਹ ਬੂਟਾ ਅਰਾਵਲੀ ਗ੍ਰੀਨ ਵਾਲ ਪ੍ਰੋਜੈਕਟ ਦੇ ਹਿੱਸੇ ਵਜੋਂ ਲਗਾਇਆ

ਗਿਆ, ਜਿਸ ਦਾ ਉਦੇਸ਼ ਅਰਾਵਲੀ ਪਹਾੜੀ ਸ਼੍ਰੇਣੀ ਦੇ 7,00 ਕਿੱਲੋਮੀਟਰ ਰਕਬੇ ਨੂੰ ਮੁੜ ਜੰਗਲ ਬਣਾਉਣਾ ਏ। ਇਸ ਮੌਕੇ ਪ੍ਰਧਾਨ ਮੰਤਰੀ ਮੋਦੀ ਨੇ ਦਿੱਲੀ ਸਰਕਾਰ ਦੀ ਸਾਫ਼-ਸੁਥਰੀ ਆਵਾਜਾਈ ਪਹਿਲਕਦਮੀ ਦੇ ਤਹਿਤ 200 ਇਲੈਕਟ੍ਰਿਕ ਬੱਸਾਂ ਨੂੰ ਹਰੀ ਝੰਡੀ ਦਿਖਾਈ, ਜੋ ਕਿ ਸਾਫ਼ ਸ਼ਹਿਰੀ ਗਤੀਸ਼ੀਲਤਾ ਨੂੰ ਉਤਸ਼ਾਹਤ ਕਰਨਗੀਆਂ ਤੇ ਵਾਤਾਵਰਣ ਦੀ ਰੱਖਿਆ ਕਰਨਗੀਆਂ।

---------------------------------------------------

ਪੰਜਾਬ ਵਿਚ ਵੀ ਵਾਤਾਵਰਣ ਦਿਵਸ ਮਨਾਇਆ ਜਾ ਰਿਹਾ ਏ। ਇਵੇਂ ਹੀ ਵਾਤਾਵਰਣ ਦਿਵਸ ਮੌਕੇ ਫਾਜ਼ਿਲਕਾ ਜ਼ਿਲ੍ਹੇ ਵਿਚ ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਇਕ ਬੂਟਾ ਲਗਾ ਕੇ ਕੀਤੀ। ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਨੇ ਕਿਹਾ ਕਿ ਜੰਗਲਾਤ ਵਿਭਾਗ ਨੇ ਇਸ ਸਾਲ ਜ਼ਿਲ੍ਹੇ ਵਿਚ 10 ਲੱਖ ਬੂਟੇ ਲਗਾਉਣੇ ਨੇ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗਾਂ ਨੂੰ ਹਦਾਇਤ ਕੀਤੀ ਏ ਕਿ ਆਪੋ ਆਪਣੀਆਂ ਖਾਲੀ ਥਾਵਾਂ ਦੀ ਸ਼ਨਾਖ਼ਤ ਕਰ ਕੇ ਉਥੇ ਬੂਟੇ ਲਗਾਏ ਜਾਣ।

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਲੋਕਾਂ ਨੂੰ ਗ਼ਰੀਬੀ ਤੋਂ ਬਾਹਰ ਕੱਢਣ ਲਈ, ਕੇਂਦਰ ਸਰਕਾਰ ਵੱਲੋਂ ਚੁੱਕੇ ਕਦਮਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਲੋਕਾਂ ਦੇ ਸਸ਼ਕਤੀਕਰਨ, ਬੁਨਿਆਦੀ ਢਾਂਚੇ ਤੇ ਸਮਾਵੇਸ਼ ਬਾਰੇ ਚੁੱਕੇ ਕਦਮਾਂ ਦੀ ਗੱਲ ਕੀਤੀ। ਕੇਂਦਰ ਦੀ ਮੋਦੀ ਸਰਕਾਰ ਨੇ ਚੰਗੇ ਸ਼ਾਸਨ ਅਤੇ ਗਰੀਬਾਂ ਦੀ ਭਲਾਈ ਨੂੰ ਉਤਸ਼ਾਹਤ ਕਰਕੇ ਗਰੀਬ ਭਲਾਈ ਦੇ 11 ਸਾਲ ਪੂਰੇ ਕੀਤੇ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ, ਸ਼੍ਰੀ ਮੋਦੀ ਨੇ ਲਿਖਿਆ ਏ ਕਿ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਪ੍ਰਧਾਨ ਮੰਤਰੀ ਉੱਜਵਲਾ ਯੋਜਨਾ, ਜਨ ਧਨ ਯੋਜਨਾ ਅਤੇ ਆਯੁਸ਼ਮਾਨ ਭਾਰਤ ਵਰਗੀਆਂ ਪਹਿਲਕਦਮੀਆਂ ਨੇ ਰਿਹਾਇਸ਼, ਖਾਣਾ ਪਕਾਉਣ ਵਾਲੇ ਸਾਫ-ਸੁਥਰੇ ਈਂਧਨ, ਬੈਂਕਿੰਗ ਅਤੇ ਸਿਹਤ ਸੰਭਾਲ ਤੱਕ ਪਹੁੰਚ ਨੂੰ ਵਧਾਇਆ ਏ। ਸ਼੍ਰੀ ਮੋਦੀ ਨੇ 25 ਕਰੋੜ ਤੋਂ ਵੱਧ ਲੋਕਾਂ ਨੂੰ ਗਰੀਬੀ ਨੂੰ ਮਾਤ ਦੇਣ ਵਿਚ, ਇਨ੍ਹਾਂ ਪਹਿਲਕਦਮੀਆਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ।

---

ਪੰਜਾਬ ਦੇ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਲ ਚੰਡੀਗੜ੍ਹ ਦੇ ਸੈਕਟਰ 68 ਦੇ ਜੰਗਲਾਤ ਕੰਪਲੈਕਸ ਵਿਚ ਜਾਇਜਾ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਨੇ ਬੂਟਿਆਂ ਦੀ ਸਹੀ ਦੇਖਭਾਲ ਤੇ ਰੱਖ-ਰਖਾਅ ’ਤੇ ਜ਼ੋਰ ਦਿੱਤਾ। ਮੀਟਿੰਗ ਵਿਚ ਮੌਜੂਦ ਅਧਿਕਾਰੀਆਂ ਨੇ ਮੰਤਰੀ ਨੂੰ ਦੱਸਿਆ ਕਿ ਜੰਗਲਾਤ ਮਹਿਕਮੇ ਵੱਲੋਂ ਵੱਖੋ-ਵੱਖ ਯੋਜਨਾਵਾਂ ਤਹਿਤ ਤਕਰੀਬਨ 60 ਲੱਖ ਬੂਟੇ ਲਗਾਏ ਜਾਣੇ ਨੇ। ਸੂਬੇ ਵਿਚ ਬੂਟੇ ਲਗਾਉਣ ਸਬੰਧੀ ਖਾਸ ਮੁਹਿੰਮ ਇਸੇ ਸਾਲ ਪਹਿਲੀ ਜੁਲਾਈ ਤੋਂ ਸ਼ੁਰੂ ਹੋਵੇਗੀ। ਇਸ ਤੋਂ ਇਲਾਵਾ ਇਸ ਸਾਲ 382 ਨਾਨਕ ਬਗੀਚੀਆਂ ਅਤੇ 52 ਪਵਿੱਤਰ ਵਣ ਲਗਾਏ ਜਾਣੇ ਨੇ। ਮੀਟਿੰਗ ਵਿਚ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਜੰਗਲਾਤ ਮਹਿਕਮੇ ਵੱਲੋਂ ਚੰਡੀਗੜ੍ਹ-ਫਗਵਾੜਾ ਸੜਕ ’ਤੇ ਨਵੇਂ ਬੂਟੇ ਲਗਾਉਣ ਦੀ ਸ਼ਲਾਘਾ ਕੀਤੀ ਅਤੇ ਅਧਿਕਾਰੀਆਂ ਨੂੰ ਲੁਧਿਆਣਾ-ਚੰਡੀਗੜ੍ਹ ਸੜਕ ’ਤੇ ਵੀ ਇਸੇ ਤਰ੍ਹਾਂ ਬੂਟੇ ਲਗਾਉਣ ਲਈ ਕਿਹਾ। ਇਸ ਮੌਕੇ ਮੰਤਰੀ ਨੇ ਅਫਸਰਾਂ ਨੂੰ ਵਿਭਾਗੀ ਯੋਜਨਾਵਾਂ ਵੇਲੇ ਸਿਰ

ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ ਤੇ ਕਿਹਾ ਕਿ ਬੂਟੇ ਲਗਾਏ ਜਾਣ ਦੀ ਮੁਹਿੰਮ ਵਿਚ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇ।

---------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਏ ਸੂਬੇ ਵਿਚ ਖੇਤੀ ਵੰਨ-ਸੁਵੰਨਤਾ ਨੂੰ ਉਤਸ਼ਾਹਤ ਕਰਨ ਤੇ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਦੇ ਯਤਨਾਂ ਤਹਿਤ ਪੰਜਾਬ ਸਰਕਾਰ ਨੇ ਇਸ ਸਾਲ 12,000 ਹੈਕਟੇਅਰ ਝੋਨੇ ਦੀ ਖੇਤੀ ਵਾਲੇ ਰਕਬੇ ਨੂੰ ਸਾਉਣੀ ਦੀ ਮੱਕੀ ਅਧੀਨ ਲਿਆਉਣ ਸਬੰਧੀ ਅਹਿਮ ਯੋਜਨਾ ਸ਼ੁਰੂ ਕੀਤੀ ਏ। ਉਨ੍ਹਾਂ ਕਿਹਾ ਕਿ ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਪ੍ਰਤੀ ਹੈਕਟੇਅਰ 17,500 ਰੁਪਏ ਹੌਸਲਾ ਵਧਾਊ ਰਾਸ਼ੀ ਦਿੱਤੀ ਜਾਵੇਗੀ। ਇਸ ਫ਼ਸਲੀ ਵੰਨ-ਸੁਵੰਨਤਾ ਯੋਜਨਾ ਯੋਜਨਾ ਬਾਰੇ ਮੰਤਰੀ ਨੇ ਕਿਹਾ ਏ ਕਿ ਇਹ ਪਾਇਲਟ ਪ੍ਰੋਜੈਕਟ 6 ਜ਼ਿਲ੍ਹਿਆਂ ਬਠਿੰਡਾ, ਸੰਗਰੂਰ, ਪਠਾਨਕੋਟ, ਗੁਰਦਾਸਪੁਰ, ਜਲੰਧਰ ਤੇ ਕਪੂਰਥਲਾ ਵਿਚ ਲਾਗੂ ਕੀਤਾ ਜਾਵੇਗਾ, ਜਿਸ ਤਹਿਤ ਝੋਨੇ ਤੋਂ ਬਦਲ ਕੇ

ਮੱਕੀ ਦੀ ਕਾਸ਼ਤ ਅਧੀਨ 12,000 ਹੈਕਟੇਅਰ ਰਕਬਾ ਲਿਆਉਣ ਦਾ ਟੀਚਾ ਏ।

--------------------------------------------------------

“ਯੁੱਧ ਨਸ਼ਿਆਂ ਵਿਰੁੱਧ” ਮੁਹਿੰਮ ਦੇ 95ਵੇਂ ਦਿਨ ਕੱਲ੍ਹ ਪੰਜਾਬ ਪੁਲਿਸ ਨੇ ਕਲ 138 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਕਿੱਲੋ ਤੋਂ ਵੱਧ ਹੈਰੋਇਨ, 6100 ਤੋਂ ਵੱਧ ਨਸ਼ੀਲੀਆਂ ਗੋਲੀਆਂ ਅਤੇ 1 ਲੱਖ 40 ਹਜਾਰ ਤੋਂ ਵੱਧ ਦੀ ਨਗਦੀ ਬਰਾਮਦ ਕੀਤੀ । ਇਸ ਨਾਲ 95 ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਗਿਣਤੀ 15,633 ਹੋ ਗਈ ਏ। ਇਹ ਆਪ੍ਰੇਸ਼ਨ ਸੂਬੇ ਦੇ ਸਾਰੇ 28 ਪੁਲਿਸ ਜ਼ਿਲਿਆਂ ਵਿਚ ਇੱਕੋ ਸਮੇਂ ਚਲਾਇਆ ਗਿਆ। ਅਮਨ ਤੇ ਕਾਨੂੰਨ ਸਬੰਧੀ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਏ ਕਿ 200 ਤੋਂ ਵੱਧ ਪੁਲਿਸ ਟੀਮਾਂ ਨੇ ਪੂਰੇ ਸੂਬੇ ਵਿਚ 519 ਥਾਵਾਂ ’ਤੇ ਛਾਪੇਮਾਰੀ ਕੀਤੀ। ਇਸ ਦੌਰਾਨ ਪੂਰੇ ਸੂਬੇ ਵਿਚ 99 ਮਾਮਲੇ ਦਰਜ ਕੀਤੇ ਗਏ।